# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 29-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਕਹਿਣਾ ਏ ਕਿ ਸਰਕਾਰ 21ਵੀਂ ਸਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਬਣਾ ਰਹੀ ਏ ।
- ਪੰਜਾਬ ਦੇ ਪ੍ਰਵਾਸੀ ਮਾਮਲਿਆਂ ਬਾਰੇ ਮੰਤਰੀ, ਕੁਲਦੀਪ ਸਿੰਘ ਧਾਲੀਵਾਲ ਨੇ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ ਅਤੇ ਕਿਹੈ ਕਿ ਸਰਕਾਰ ਇਹਨਾਂ ਵਸਨੀਕਾਂ ਦੀ ਸੁਰਖਿਆ ਲਈ ਵਚਨਬਧ ਏ .
- ਸੂਬਾ ਸਰਕਾਰ, ਨਸ਼ਾ ਵਿਰੋਧੀ ਜਾਗਰੂਕਤਾ ਅਤੇ ਕਾਰਵਾਈ ਮੁਹਿੰਮ ਤਹਿਤ ਇਸ ਸਾਲ ਮਈ ਅਤੇ ਜੂਨ ਵਿੱਚ ਸੂਬੇ ਭਰ ਵਿਚ 'ਨਸ਼ਾ ਮੁਕਤੀ ਯਾਤਰਾ' ਸ਼ੁਰੂ ਕਰੇਗੀ.
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਕਣਕ ਦੇ ਨਾੜ ਨੂੰ ਅੱਗ ਲੱਗਣ ਨਾਲ ਝੁਲਸੇ

ਕਿਸਾਨਾਂ ਦੇ ਇਲਾਜ ਦਾ ਸਾਰਾ ਖਰਚਾ ਸੂਬਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ।

- ਮਾਰਸ਼ਲ ਆਫ਼ ਦ ਏਅਰ ਫੋਰਸ, ਅਰਜਨ ਸਿੰਘ ਮੈਮੋਰੀਅਲ ਹਾਕੀ ਟੂਰਨਾਮੈਂਟ-2025 ਦਾ 6ਵਾਂ ਐਡੀਸ਼ਨ ਅੱਜ 3 ਬੀਆਰਡੀ ਏਅਰਫੋਰਸ ਸਟੇਸ਼ਨ, ਚੰਡੀਗੜ੍ਹ ਵਿਖੇ ਸ਼ੁਰੂ ਹੋ ਗਿਆ ਏ। ਉਦਘਾਟਨੀ ਮੈਚ ਭਾਰਤੀ ਹਵਾਈ ਫੌਜ ਨੇ ਜਿੱਤਿਆ.

-------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ 21ਵੀਂ ਸਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਬਣਾ ਰਹੀ ਏ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ, ਦੇਸ਼ ਦੇ ਹਰ ਵਿਦਿਆਰਥੀ ਦੀ ਪਹੁੰਚ ਵਿੱਚ ਵਿਸ਼ਵ ਪੱਧਰੀ ਗਿਆਨ ਲਿਆ ਰਿਹਾ ਏ। ਸ਼੍ਰੀ ਮੋਦੀ ਨੇ ਇਹ ਗੱਲ YUGM ਸੰਮੇਲਨ ਨੂੰ ਸੰਬੋਧਨ ਕਰਦਿਆਂ ਕਹੀ, ਜੋ ਕਿ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸਰਕਾਰ, ਅਕਾਦ੍ਮਿਸ਼ੀਅਨਾਂ, ਸਨਅਤ ਅਤੇ ਦੇ ਆਗੂਆਂ ਤੇ ਕਾਢਕਾਰਾਂ ਨੂੰ ਇੱਕ ਥਾਂ ਲਿਆਉਣ ਵਾਲਾ ਆਪਣੀ ਕਿਸਮ ਦਾ ਪਹਿਲਾ ਰਣਨੀਤਕ ਸੰਮੇਲਨ ਏ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਦੇਸ਼ ਦਾਭਵਿੱਖ

ਇਸਦੇ ਨੌਜਵਾਨਾਂ 'ਤੇ ਨਿਰਭਰ ਕਰਦਾ ਏ , ਇਸ ਲਈ ਉਨ੍ਹਾਂ ਨੂੰ ਭਾਰਤ ਦੇ ਰੌਸ਼ਨ ਭਵਿੱਖ ਲਈ ਤਿਆਰ ਕਰਨਾ ਬੇਹਦ ਜ਼ਰੂਰੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਦੇਸ਼ ਵਿੱਚ ਤਬਦੀਲੀ ਲਿਆ ਰਹੀ ਏ –**BYTE**

-ਉਨ੍ਹਾਂ ਕਿਹਾ, ਪ੍ਰਤਿਭਾ, ਪ੍ਰਵਿਰਤੀ ਅਤੇ ਤਕਨਾਲੋਜੀ ਭਾਰਤ ਦੇ ਭਵਿੱਖ ਨੂੰ ਬਦਲ ਦੇਵੇਗੀ. ਸ਼੍ਰੀ ਮੋਦੀ ਨੇ ਕਿਹਾ, ਭਾਰਤ ਦੇ ਯੂਨੀਵਰਸਿਟੀ ਕੈਂਪਸ ਗਤੀਸ਼ੀਲ ਕੇਂਦਰਾਂ ਵਜੋਂ ਉੱਭਰ ਰਹੇ ਨੇ ਜਿੱਥੇ ਨੌਜਵਾਨ ਸ਼ਾਨਦਾਰ ਨਵੀਆਂ ਕਾਢਾਂ ਨੂੰ ਸੰਚਾਲਿਤ ਕਰ ਰਹੇ ਨੇ. ਉਨ੍ਹਾਂ ਕਿਹਾ ਕਿ, 'ਇੱਕ ਰਾਸ਼ਟਰ ਇੱਕ Subscription' ਵਿਸ਼ਵ ਪੱਧਰੀ ਗਿਆਨ ਨੂੰ ਹਰ ਵਿਦਿਆਰਥੀ ਦੀ ਪਹੁੰਚ ਵਿੱਚ ਲਿਆ ਰਿਹਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ, ਇਸ ਸਾਲ ਦੇ ਬਜਟ ਵਿੱਚ, ਸਰਕਾਰ ਨੇ IIT ਵਿੱਚ ਸੀਟਾਂ ਅਤੇ ਸਮਰੱਥਾ ਵਧਾਉਣ ਦਾ ਫੈਸਲਾ ਕੀਤਾ ਏ ਤੇ IIT ਅਤੇ ਏਮਜ਼ ਦੇ ਸਹਿਯੋਗ ਨਾਲ ਕਈ ਮੈਡੀਟੈਕ ਕੋਰਸ ਸ਼ੁਰੂ ਕੀਤੇ ਗਏ ਨੇ. ਸ਼੍ਰੀ ਮੋਦੀ ਨੇ ਇਸ ਯਾਤਰਾ ਨੂੰ ਸਮੇਂ ਸਿਰ ਪੂਰਾ ਕਰਨ ਅਤੇ ਇਹ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਕਿ ਭਾਰਤ ਹਰ ਭਵਿੱਖੀ ਤਕਨਾਲੋਜੀ ਲਈ ਦੁਨੀਆ ਦੇ ਸਭ ਤੋਂ ਵਧੀਆ ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਹੋਵੇ. ਓਹਨਾਂ ਇਹ ਵੀ ਭਰੋਸਾ ਜ਼ਾਹਿਰ ਕੀਤਾ ਕਿ YUGM ਸੰਮੇਲਨ ਭਾਰਤ ਦੀਆਂ

ਨਵੀਆਂ ਕਾਢਾਂ ਦੀ ਸਮਰਥਾ ਨੂੰ ਵਧਾਉਣ ‘ਚ ਦੇਸ਼ ਦੀਆਂ ਕੋਸ਼ਿਸ਼ਾਂ ਨੂੰ ਹੋਰ ਬਲ ਦਏਗਾ - **BYTE –**

---------------------------------------------------------------------------

ਭਾਰਤ ਨੇ ਪਹਿਲਗਾਮ ਦਹਿਸ਼ਤਗਰਦ ਹਮਲੇ ਨੂੰ ਸੰਯੁਕਤ ਰਾਸ਼ਟਰ ਵਿੱਚ ਜ਼ੋਰਦਾਰ ਢੰਗ ਨਾਲ ਉਠਾਇਆ ਏ ਅਤੇ ਇੱਕ ਪਾਕਿਸਤਾਨੀ ਮੰਤਰੀ ਦੇ ਦਹਿਸ਼ਤਗਰਦਾਂ ਨੂੰ ਸਿਖਲਾਈ ਅਤੇ ਰਕਮਾਂ ਮੁਹਇਆ ਕਰਾਉਣ ਦੇ "ਇਕਬਾਲੀਆ ਬਿਆਨ" ਨੂੰ ਵੀ ਸਾਰਿਆਂ ਸਾਹਮਣੇ ਰਖਿਆ ਏ। ਪਾਕਿਸਤਾਨ ਦੇ ਰੱਖਿਆ ਮੰਤਰੀ ਖਵਾਜਾ ਆਸਿਫ ਦੇ ਹਾਲ ਹੀ ਵਿੱਚ ਇੱਕ ਟੈਲੀਵਿਜ਼ਨ ਇੰਟਰਵਿਊ ਵੱਲ ਇਸ਼ਾਰਾ ਕਰਦੇ ਹੋਏ, ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਉਪ- ਸਥਾਈ ਪ੍ਰਤੀਨਿਧੀ, ਯੋਜਨਾ ਪਟੇਲ ਨੇ ਕਿਹਾ ਕਿ ਦਹਿਸ਼ਤਗਰਦ ਜਥੇਬੰਦੀਆਂ ਨੂੰ ਹਮਾਇਤ, ਸਿਖਲਾਈ ਅਤੇ ਰਕਮਾਂ ਮੁਹਇਆ ਕਰਾਉਣ ਦਾ ਖੁੱਲ੍ਹਾ ਕਬੂਲਨਾਮਾ ਕਿਸੇ ਨੂੰ ਹੈਰਾਨ ਨਹੀਂ ਕਰਦਾ ਅਤੇ ਪਾਕਿਸਤਾਨ ਨੂੰ ਇੱਕ ਦੁਸ਼ਟ ਦੇਸ਼ ਵਜੋਂ ਉਜਾਗਰ ਕਰਦਾ ਏ ਜੋ ਵਿਸ਼ਵਵਿਆਪੀ ਦਹਿਸ਼ਤਗਰਦੀ ਨੂੰ ਹਵਾ ਦਿੰਦਾ ਏ ਅਤੇ ਖਿੱਤੇ ਨੂੰ ਅਸਥਿਰ ਕਰਦਾ ਏ। ਰਾਜਦੂਤ ਪਟੇਲ ਨੇ ਭਾਰਤ ਵਿਰੁੱਧ ਪ੍ਰਚਾਰ ਕਰਨ ਅਤੇ ਬੇਬੁਨਿਆਦ ਇਲ੍ਜ਼ਾਮ ਲਾਉਣ ਲਈ ਆਲਮੀ ਫੋਰਮ ਦੀ ਦੁਰਵਰਤੋਂ ਅਤੇ ਕਮਜ਼ੋਰ ਕਰਨ ਲਈ ਪਾਕਿਸਤਾਨ ਦੀ ਵੀ ਨਿਖੇਧੀ ਕੀਤੀ.

-------------------------------------------------------------------------
ਅੱਜ ਸੂਬੇ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਸਬ ਡਵੀਜਨ ਦੀ ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਦੇ ਨੇੜੇ ਵੱਸੇ ਦਰਜਨ ਦੇ ਕਰੀਬ ਪਿੰਡਾਂ ਦੇ ਕਿਸਾਨਾ, ਮਜਦੂਰਾਂ , ਗ੍ਰਾਮ ਪੰਚਾਇਤਾਂ, ਤੇ ਸਮਾਜ ਸੇਵੀ ਸੰਸਥਾਵਾਂ ਸਮੇਤ ਆਮ ਲੋਕਾਂ ਨਾਲ ਮੀਟਿੰਗਾਂ ਰਾਹੀਂ ਸਿੱਧਾ ਰਾਬਤਾ ਕੀਤਾ. ਇਸ ਦੌਰਾਨ ਉਹਨਾਂ ਪਹਿਲਗਾਮ ਦਹਿਸ਼ਤਗਰਦ ਹਮਲੇ ਨੂੰ ਅਤਿ-ਨਿੰਦਣਯੋਗ ਕਰਾਰ ਦਿੰਦਿਆਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਆਮ ਦਿਨਾਂ ਵਾਂਗ ਹੀ ਆਪਣਾ ਜਨ ਜੀਵਨ ਚੰਗੀ ਤਰ੍ਹਾਂ ਜੀਉਣ. ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ, ਪੰਜਾਬ ਦੀ 553 ਕਿਲੋਮੀਟਰ ਲੰਮੀ ਸਰਹੱਦ ਨੇੜੇ ਵੱਸੇ ਪਿੰਡਾਂ ਦੇ ਲੋਕਾਂ ਦੀ ਸੁਰੱਖਿਆ ਲਈ ਪੂਰੀ ਤਰਾਂ ਵਚਣਬੱਧ ਏ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਪੰਜਾਬ ਦੀ ਕੌਮਾਂਤਰੀ ਸਰਹੱਦ ਨੇੜੇ ਵੱਸੇ ਪਿੰਡਾਂ ਦੇ ਲੋਕ BSF ਦੇ ਬਾਅਦ, ਦੂਜੀ ਰਖਿਆ ਸ੍ਫ਼ ਵਜੋਂ ਪਹਿਲਗਾਮ ਦਹਿਸ਼ਤਗਰਦ ਹਮਲੇ ਵਿਰੁੱਧ ਭਾਰੀ ਰੋਸ ਅਤੇ ਗੁੱਸੇ ਦੇ ਬਾਵਜੂਦ ਪੂਰੀ ਤਰਾਂ ਬੁਲੰਦ ਹੌਂਸਲਿਆਂ ‘ਚ ਨੇ. ਕਿਸਾਨਾਂ ਤੇ ਮਜਦੂਰਾਂ ਵਲੋਂ ਸਰਹੱਦੀ ਪਿੰਡਾਂ ‘ਚ ਕਣਕ ਤੇ ਤੂੜੀ ਦੀ ਸਾਂਭ- ਸੰਭਾਲ ਪੂਰੀ ਤਰਾਂ ਸੰਜਮ ਨਾਲ ਅਤੇ ਬੇ-ਖੌਫ ਹੋ ਕੇ ਕਰ ਰਹੇ ਨੇ. ਉਨ੍ਹਾਂ ਨੇ ਇਹ ਵੀ ਕਿਹਾ ਕਿ ਪੰਜਾਬ ਦੀ ਸਰਹੱਦ ਤੇ ਸੈਕੰਡ ਡਿਫੈਂਸ

ਲਾਈਨ ਵਜੋਂ ਰਿਹਾਇਸ਼ ਰੱਖ ਰਹੇ ਸਿਵਲ ਨਾਗਰਿਕ BSF ਤੇ ਹੋਰ ਫੌਜੀ ਦਲਾਂ ਨੂੰ ਨਿਸ਼ਕਾਮ ਸੇਵਾਵਾਂ ਦੇਣ ਲਈ ਤਿਆਰ ਨੇ- **BYTE -**

ਧਾਲੀਵਾਲ ਨੇ ਇਹ ਵੀ ਦੱਸਿਆ ਕਿ ਪੰਜਾਬ ਅਜਿਹਾ ਪਲੇਠਾ ਸੂਬਾ ਏ, ਜਿੱਥੇ ਪਹਿਲਗਾਮ ਵਰਗੇ ਘਿਨੋਣੇ ਕਾਰੇ ਦੇ ਬਾਵਜੂਦ ਮੁਕੰਮਲ ਰੂਪ 'ਚ ਫਿਰਕੂ ਸੁਹਿਰਦਤਾ ਕਾਇਮ ਰਹੀ ਏ । ਪੰਜਾਬ ਚ ਕਸ਼ਮੀਰੀ ਕਾਰੋਬਾਰੀਆਂ, ਨਿੱਜੀ ਅਦਾਰਿਆਂ ਚ ਨੌਕਰੀਆਂ ਕਰਦੇ ਤੇ ਵਿਦਿਅੱਕ ਸੰਸਥਾਵਾਂ 'ਚ ਪੜਦੇ ਕਸ਼ਮੀਰੀ ਵਿਦਿਆਰਥੀਆਂ ਪ੍ਰਤੀ ਕਿਸੇ ਕਿਸਮ ਦੇ ਫਿਰਕੂ ਮਾੜੇ ਸਲੂਕ ਦੀ ਘਟਨਾ ਨਹੀਂ ਵਾਪਰੀ ਏ ।

---------------------------------------------------------------------------

ਸੂਬੇ ਵਿੱਚ ਨਸ਼ਿਆਂ ਦੇ ਖ਼ਤਰੇ 'ਤੇ ਅੰਤਿਮ ਅਤੇ ਫੈਸਲਾਕੁਨ ਹਮਲੇ ਲਈ ਤਿਆਰੀ ਵਿੱਢਦਿਆਂ ਪੰਜਾਬ ਸਰਕਾਰ ਨੇ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਕਾਰਵਾਈ ਮੁਹਿੰਮ ਤਹਿਤ 'ਨਸ਼ਾ ਮੁਕਤੀ ਯਾਤਰਾ' ਸ਼ੁਰੂ ਕਰਨ ਦਾ ਫੈਸਲਾ ਕੀਤਾ ਏ, ਜੋ ਇਸ ਸਾਲ ਮਈ ਅਤੇ ਜੂਨ ਦੇ ਮਹੀਨਿਆਂ ਵਿੱਚ ਸੂਬੇ ਦੇ ਹਰ ਪਿੰਡ ਅਤੇ ਵਾਰਡ ਤੱਕ ਪਹੁੰਚ ਕਰੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਮੁਹਿੰਮ ਪਹਿਲੇ ਪੜਾਅ ਵਿਚ 2 ਤੋਂ 4 ਮਈ ਤੱਕ ਅਤੇ ਦੂਜੇ ਪੜਾਅ ਵਿਚ 7 ਮਈ ਤਕ ਸੂਬੇ ਭਰ ਵਿੱਚ ਚਲਾਈ ਜਾਵੇਗੀ। ਪਿੰਡ ਸੁਰੱਖਿਆ ਕਮੇਟੀਆਂ ਦੇ ਸਾਰੇ ਮੈਂਬਰਾਂ ਤੋਂ ਇਲਾਵਾ ਇਸ ਮੀਟਿੰਗ ਵਿੱਚ ਪਿੰਡਾਂ ਦੇ ਸਰਪੰਚ, ਸਿਵਲ

ਅਤੇ ਪੁਲਿਸ ਪ੍ਰਸ਼ਾਸਨ ਦੇ ਨਾਲ-ਨਾਲ ਹੋਰ ਸਬੰਧਤ ਵੀ ਸ਼ਾਮਲ ਹੋਣਗੇ। ਡਿਪਟੀ ਕਮਿਸ਼ਨਰਾਂ ਅਤੇ SSPs ਨੂੰ ਉਨ੍ਹਾਂ ਪਿੰਡਾਂ ਵਿੱਚ ਪਿੰਡ ਸੁਰੱਖਿਆ ਕਮੇਟੀਆਂ ਬਣਾਉਣ ਲਈ ਕਿਹਾ ਏ, ਜਿੱਥੇ ਇਹ ਕਮੇਟੀਆਂ ਮੌਜੂਦ ਨਹੀਂ ਨੇ ਅਤੇ ਉਨ੍ਹਾਂ ਨੂੰ ਇਨ੍ਹਾਂ ਮੀਟਿੰਗਾਂ ਲਈ ਸੱਦਾ ਦੇਣ ਲਈ ਕਿਹਾ ਗਿਆ ਏ । ਇਸੇ ਤਰ੍ਹਾਂ ਨਗਰ ਨਿਗਮ ਖੇਤਰਾਂ ਦੇ ਹਰੇਕ ਵਾਰਡ ਵਿੱਚ ਵਾਰਡ ਸੁਰੱਖਿਆ ਕਮੇਟੀਆਂ ਵੀ ਬਣਾਈਆਂ ਜਾਣਗੀਆਂ ਅਤੇ ਉਨ੍ਹਾਂ ਨੂੰ ਇਨ੍ਹਾਂ ਮੀਟਿੰਗਾਂ ਲਈ ਸੱਦਿਆ ਜਾਵੇਗਾ। ਹਰੇਕ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਇੱਕ ਕੈਬਨਿਟ ਮੰਤਰੀ ਵੱਲੋਂ ਕੀਤੀ ਜਾਵੇਗੀ.

----------------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ, ਪਿੰਡ ਅਜਨੌਦਾ ਖ਼ੁਰਦ ਦੇ ਇੱਕ ਮਜ਼ਦੂਰ ਸਮੇਤ ਅੱਗ ਨਾਲ ਝੁਲਸਣ ਕਾਰਨ ਪੀ.ਜੀ.ਆਈ. ਵਿੱਚ ਜ਼ੇਰੇ ਇਲਾਜ, ਮੋੜ ਮੰਡੀ ਤੇ ਫ਼ਰੀਦਕੋਟ ਦੇ ਦੋ ਕਿਸਾਨਾਂ ਦੇ ਇਲਾਜ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਚੁੱਕਿਆ ਜਾਵੇਗਾ। ਸਿਹਤ ਮੰਤਰੀ ਅੱਜ ਪਟਿਆਲਾ ਦਿਹਾਤੀ ਹਲਕੇ ਦੇ ਪਿੰਡ ਕੈਦੂਪੁਰ ਵਿਖੇ ਬੀਤੀ 26 ਅਪ੍ਰੈਲ ਨੂੰ ਕਰੀਬ 16 ਏਕੜ ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਪੁੱਜੇ ਹੋਏ ਸਨ। ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਸਾਨਾਂ ਨੂੰ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ

ਪ੍ਰਭਾਵਿਤ ਕਿਸਾਨਾਂ ਤੇ ਮਜ਼ਦੂਰਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ-

**BYTE -**

ਓਹਨਾਂ ਕਿਹਾ ਕਿ ਅੱਗ ਲੱਗਣ ਕਾਰਨ ਅੱਗ ਬੁਝਾਊ ਅਮਲੇ ਦੀਆਂ ਗੱਡੀਆਂ ਫੌਰਨ ਆਉਣ ਅਤੇ ਲੋਕਾਂ ਵੱਲੋਂ ਕੀਤੀਆਂ ਕੋਸ਼ਿਸ਼ਾਂ ਕਰਕੇ ਜਾਨੀ ਨੁਕਸਾਨ ਹੋਣ ਤੋਂ ਬਚ ਗਿਆ ਪਰ ਪਿੰਡ ਅਜਨੌਦਾ ਖ਼ੁਰਦ ਦਾ ਇੱਕ ਮਜ਼ਦੂਰ ਅੱਗ ਬੁਝਾਉਂਦੇ ਹੋਏ ਝੁਲਸ ਗਿਆ ਸੀ, ਜਿਸ ਦਾ ਇਲਾਜ ਪੀ.ਜੀ.ਆਈ ਵਿਖੇ ਚੱਲ ਰਿਹਾ ਏ ਤੇ ਉਨ੍ਹਾਂ ਖੁਦ ਪੀ.ਜੀ.ਆਈ ਵਿਖੇ ਇਸ ਮਜ਼ਦੂਰ ਅਤੇ ਉਸਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਏ ਤੇ ਸਰਕਾਰ ਵੱਲੋਂ ਇਲਾਜ ਸਮੇਤ ਹਰੇਕ ਸੰਭਵ ਮਦਦ ਦੇਣ ਲਈ ਕਿਹਾ ਗਿਆ ਏ। ਉਨ੍ਹਾਂ ਕਿਹਾ ਕਿ ਕਣਕ ਦੇ ਸੀਜ਼ਨ ਦੌਰਾਨ ਮੌਸਮ ਖੁਸ਼ਕ ਹੋਣ ਕਾਰਨ ਅੱਗ ਲੱਗਣ ਦੀਆਂ ਘਟਨਾਵਾਂ ਵਾਪਰਦੀਆਂ ਨੇ, ਪਰ ਜੇਕਰ ਕਿਸਾਨ ਸਾਂਝੀਆਂ ਵੱਟਾਂ 'ਤੇ ਸਰ੍ਹੋਂ ਜਾ ਫੇਰ ਹੋਰ ਹਰਿਆਵਲ ਵਾਲੀ ਫ਼ਸਲ ਲਗਾ ਲੈਣ ਤਾਂ ਇਸ ਨਾਲ ਅੱਗ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕਦਾ ਏ।

---

ਪੰਜਾਬ ਸਰਕਾਰ ਵੱਲੋਂ ਸਾਉਣੀ-2025 ਦੌਰਾਨ ਬੀ.ਟੀ. ਨਰਮੇ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਬੀ.ਟੀ. ਨਰਮੇ ਦੇ ਬੀਜਾਂ 'ਤੇ 33 ਫੀਸਦੀ ਸਬਸਿਡੀ ਦਿੱਤੀ ਜਾ ਰਹੀ ਏ । ਇਹ ਸਬਸਿਡੀ ਪ੍ਰਾਪਤ ਕਰਨ

ਲਈ ਆਨਲਾਈਨ ਅਪਲਾਈ ਕਰਨਾ ਜ਼ਰੂਰੀ ਏ ਅਤੇ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਤਰੀਕ 31 ਮਈ 2025 ਏ. ਇਹ ਜਾਣਕਾਰੀ ਮੁੱਖ ਖੇਤੀਬਾੜੀ ਅਫ਼ਸਰ ਫ਼ਰੀਦਕੋਟ ਡਾ. ਕੁਲਵੰਤ ਸਿੰਘ ਨੇ ਸਾਂਝੀ ਕੀਤੀ –**BYTE -**

ਜੇਕਰ ਕਿਸੇ ਕਿਸਾਨ ਦਾ ਵੇਰਵਾ ਅਨਾਜ ਖਰੀਦ ਪੋਰਟਲ 'ਤੇ ਅਪਲੋਡ ਨਹੀਂ ਏ ਤਾਂ ਉਹ ਕਿਸਾਨ ਪੋਰਟਲ 'ਤੇ ਦਰਸਾਏ ਅਨੁਸਾਰ ਨਵੀਂ ਰਜਿਸਟ੍ਰੇਸ਼ਨ ਕਰ ਕੇ ਅਪਲਾਈ ਕਰ ਸਕਦਾ ਏ ।ਉਨ੍ਹਾਂ ਜ਼ਿਲਾ ਫ਼ਰੀਦਕੋਟ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਸਕੀਮ ਦਾ ਲਾਹਾ ਲੈਣ ਅਤੇ ਵਧੇਰੇ ਜਾਣਕਾਰੀ ਲਈ ਕਿਸਾਨ ਬਲਾਕ ਖੇਤੀਬਾੜੀ ਦਫ਼ਤਰ ਜਾਂ ਜ਼ਿਲਾ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰ ਸਕਦੇ ਨੇ.

-----------------------------------------------------------------------------------

ਮਾਰਸ਼ਲ ਆਫ਼ ਦ ਏਅਰ ਫੋਰਸ, ਅਰਜਨ ਸਿੰਘ ਮੈਮੋਰੀਅਲ ਹਾਕੀ ਟੂਰਨਾਮੈਂਟ-2025 ਦਾ 6ਵਾਂ ਐਡੀਸ਼ਨ ਅੱਜ ਰਘਬੀਰ ਸਿੰਘ ਭੋਲਾ ਹਾਕੀ ਸਟੇਡੀਅਮ, 3 ਬੀਆਰਡੀ ਏਅਰਫੋਰਸ ਸਟੇਸ਼ਨ, ਚੰਡੀਗੜ੍ਹ ਵਿਖੇ ਇੱਕ ਸ਼ਾਨਦਾਰ ਉਦਘਾਟਨ ਸਮਾਰੋਹ ਨਾਲ ਸ਼ੁਰੂ ਹੋਇਆ। ਇਹ ਟੂਰਨਾਮੈਂਟ ਏਅਰ ਫੋਰਸ ਦੇ ਮਾਰਸ਼ਲ ਅਰਜਨ ਸਿੰਘ ਡੀਐੱਫਸੀ ਦੀ 106ਵੀਂ ਜਨਮ ਵਰ੍ਹੇਗੰਢ ਮਨਾਉਣ ਲਈ ਕਰਾਇਆ ਜਾ ਰਿਹਾ ਏ. ਏਅਰ ਮਾਰਸ਼ਲ ਵਿਜੇ

ਕੁਮਾਰ ਗਰਗ, ਏਅਰ ਅਫਸਰ ਕਮਾਂਡਿੰਗ-ਇਨ-ਚੀਫ਼, ਮੇਨਟੇਨੈਂਸ ਕਮਾਂਡ, ਸਮਾਰੋਹ ਦੌਰਾਨ ਮੁੱਖ ਮਹਿਮਾਨ ਸਨ, ਜਿਨ੍ਹਾਂ ਨੇ ਟੂਰਨਾਮੈਂਟ ਦਾ ਉਦਘਾਟਨ ਕੀਤਾ। ਆਪਣੇ ਸੰਬੋਧਨ ਵਿੱਚ, ਏਅਰ ਮਾਰਸ਼ਲ ਗਰਗ ਨੇ ਕਿਹਾ ਕਿ ਇਹ ਸਮਾਗਮ ਮਾਰਸ਼ਲ ਅਰਜਨ ਸਿੰਘ ਦੇ ਵਿਰਸੇ ਅਤੇ ਦੇਸ਼ ਪ੍ਰਤੀ ਯੋਗਦਾਨ ਨੂੰ ਢੁਕਵੀਂ ਸ਼ਰਧਾਂਜਲੀ ਏ । ਉਨ੍ਹਾਂ ਕਿਹਾ ਕਿ ਇਹ ਉੱਚ ਪੱਧਰੀ ਹਾਕੀ ਟੀਮਾਂ ਨੂੰ ਆਪਣੇ ਹੁਨਰ ਦਾ ਵਿਖਾਲਾ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰੇਗਾ। ਉਦਘਾਟਨੀ ਮੈਚ ਭਾਰਤੀ ਹਵਾਈ ਫੌਜ ਅਤੇ ਸਿੱਧੇ ਟੈਕਸਾਂ ਬਾਰੇ ਕੇਂਦਰੀ ਬੋਰਡ ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ, ਜਿਸ ਵਿੱਚ ਭਾਰਤੀ ਹਵਾਈ ਫੌਜ ਟੀਮ 5-1 ਦੇ ਸਕੋਰ ਨਾਲ ਜੇਤੂ ਰਹੀ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਕਹਿਣਾ ਏ ਕਿ ਸਰਕਾਰ 21ਵੀਂ ਸਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਬਣਾ ਰਹੀ ਏ ।

- ਪੰਜਾਬ ਦੇ ਪ੍ਰਵਾਸੀ ਮਾਮਲਿਆਂ ਬਾਰੇ ਮੰਤਰੀ, ਕੁਲਦੀਪ ਸਿੰਘ ਧਾਲੀਵਾਲ ਨੇ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ ਅਤੇ ਕਿਹੈ ਕਿ ਸਰਕਾਰ ਇਹਨਾਂ ਵਸਨੀਕਾਂ ਦੀ ਸੁਰਖਿਆ ਲਈ ਵਚਨਬਧ ਏ .
- ਸੂਬਾ ਸਰਕਾਰ, ਨਸ਼ਾ ਵਿਰੋਧੀ ਜਾਗਰੂਕਤਾ ਅਤੇ ਕਾਰਵਾਈ ਮੁਹਿੰਮ ਤਹਿਤ ਇਸ ਸਾਲ ਮਈ ਅਤੇ ਜੂਨ ਵਿੱਚ ਸੂਬੇ ਭਰ ਵਿਚ 'ਨਸ਼ਾ ਮੁਕਤੀ ਯਾਤਰਾ' ਸ਼ੁਰੂ ਕਰੇਗੀ.
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਕਣਕ ਦੇ ਨਾੜ ਨੂੰ ਅੱਗ ਲੱਗਣ ਨਾਲ ਝੁਲਸੇ ਕਿਸਾਨਾਂ ਦੇ ਇਲਾਜ ਦਾ ਸਾਰਾ ਖਰਚਾ ਸੂਬਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ।
- ਮਾਰਸ਼ਲ ਆਫ਼ ਦ ਏਅਰ ਫੋਰਸ, ਅਰਜਨ ਸਿੰਘ ਮੈਮੋਰੀਅਲ ਹਾਕੀ ਟੂਰਨਾਮੈਂਟ-2025 ਦਾ 6ਵਾਂ ਐਡੀਸ਼ਨ ਅੱਜ 3 ਬੀਆਰਡੀ ਏਅਰਫੋਰਸ ਸਟੇਸ਼ਨ, ਚੰਡੀਗੜ੍ਹ ਵਿਖੇ ਸ਼ੁਰੂ ਹੋ ਗਿਆ ਏ । ਉਦਘਾਟਨੀ ਮੈਚ ਭਾਰਤੀ ਹਵਾਈ ਫੌਜ ਨੇ ਜਿੱਤਿਆ.